# "The Techworld-2023"

The Techworld-2023 was organized by Post Graduate Department of Computer Science, Sri Guru Teg Bahadur Khalsa College, Sri Anandpur Sahib, Punjab, under DBT Star Status Scheme on March 3, 2023. In this event, various students competitions were conducted like Poster making, Digital Poster making, Cartooning, Rangoli, Blind coding, E-waste, Insta Think and Poems on Technology. The Theme for these events was ***"Technology in our Life"***. This event has been conducted especially for computer students. Students prepared very attractive Posters, Rangoli, Cartooning and Digital Poster on latest computer technology topics like AI, ChatGPT, Machine Learning etc. Students wrote and recite poems on computer technology and also made insteresting models using e-waste material. The Blind coding Competition enhanced the programming capabilities of the students. More than 120 students participated in different competitions with great enthusiasm. Dr. Jasvir Singh, Principal of the college, appreciated the efforts of the students and distributed prizes to the winners. Dr. Surender Kumar, Head of the Department concluded the event by describing all the factors highlighted by the students. All the faculty members of Computer Science Department were present in the event.





ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਦੇ ਪੋਸਟ ਗ੍ਰੈਜੂਏਟ ਕੰਪਿਊਟਰ ਸਾਇੰਸ ਅਤੇ ਬਾਟਨੀ ਵਿਭਾਗ ਨੇ ਕਰਵਾਏ ਵੱਖ-ਵੱਖ ਮੁਕਾਬਲੇ

ਸ੍ਰੀ ਅਨੰਦਪੁਰ ਸਾਹਿਬ, 3 ਮਾਰਚ : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਨਾਮਵਰ ਖੁਦਮੁਖਤਿਆਰ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਦੇ ਪੋਸਟ ਗ੍ਰੈਜੂਏਟ ਕੰਪਿਊਟਰ ਸਾਇੰਸ ਅਤੇ ਬਾਟਨੀ ਵਿਭਾਗ ਨੇ ਡੀ.ਬੀ.ਟੀ ਸਟਾਰ ਸਟੇਟਸ ਦੇ ਤਹਿਤ ਵੱਖ-ਵੱਖ ਮੁਕਾਬਲੇ ਕਰਵਾਏ। ਜ਼ਿਕਰਯੋਗ ਹੈ ਕਿ ਕੰਪਿਊਟਰ ਸਾਇੰਸ ਵਿਭਾਗ ਵੱਲੋਂ ਰੰਗੋਲੀ, ਪੋਸਟਰ ਮੇਕਿੰਗ, ਕਾਰਟੂਨਿੰਗ, ਡੀਜਿਟਲ ਪੋਸਟਰ ਮੇਕਿੰਗ, ਬਲਾਇੰਡ ਕੋਡਿੰਗ, ਤਕਨਾਲੋਜੀ 'ਤੇ ਕਵਿਤਾਵਾਂ ਅਤੇ ਇੰਸਟਾਥਿੰਕ ਮੁਕਾਬਲੇ ਕਰਵਾਏ ਜਿਸ ਵਿੱਚ ਤਕਰੀਬਨ 100 ਵਿਦਿਆਰਥੀਆਂ ਨੇ ਭਾਗ ਲਿਆ ਜਦ ਕਿ ਬਾਟਨੀ ਵਿਭਾਗ ਨੇ ਹੋਲੇ-ਮਹੱਲੇ ਨੂੰ ਮੁੱਖ ਰੱਖਦਿਆਂ ਪ੍ਰਜੈਕਟ, ਦਿਮਾਗੀ ਸਿਹਤ ਅਤੇ ਤਕਨਾਲੋਜੀ ਵਿਸ਼ਿਆਂ 'ਤੇ ਭਾਸ਼ਣ, ਸਾਇੰਟੀਫਿਕ ਕੁਇਜ਼ ਅਤੇ ਲੀਫ ਆਰਟ ਮੁਕਾਬਲੇ ਕਰਵਾਏ ਜਿਸ ਵਿੱਚ 50 ਦੇ ਕਰੀਬ ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ.ਜਸਵੀਰ ਸਿੰਘ ਨੇ ਸਭ ਤੋਂ ਪਹਿਲਾਂ ਸਾਰਿਆਂ ਨੂੰ ਹੋਲੀ ਅਤੇ ਹੋਲੇ-ਮਹੱਲੇ ਦੀਆਂ ਵਧਾਈਆਂ ਦਿੰਦਿਆਂ ਵਾਤਾਵਰਣ ਨੂੰ ਸਾਫ ਰੱਖਣ ਲਈ ਪ੍ਰੇਰਿਤ ਕੀਤਾ ਤੇ ਨਾਲ ਹੀ ਕੰਪਿਊਟਰ ਸਾਇੰਸ ਅਤੇ ਬਾਟਨੀ ਵਿਭਾਗ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਹਨਾਂ ਵਿਭਾਗਾਂ ਵੱਲੋਂ ਅਕਸਰ ਹੀ ਅਜਿਹੇ ਮੁਕਾਬਲੇ ਕਰਵਾਏ ਜਾਂਦੇ ਹਨ ਜਿਨ੍ਹਾਂ ਦੁਆਰਾ ਵਿਦਿਆਰਥੀ ਆਪਣੀ ਕਲਾ ਦਾ ਪ੍ਰਦਰਸ਼ਨ ਕਰ ਸਕਣ ਤੇ ਉਨ੍ਹਾਂ ਦੀ ਪ੍ਰਤੀਭਾ ਨਿਖਰ ਸਕੇ। ਉਨ੍ਹਾਂ ਮੁਕਾਬਲਿਆਂ ਵਿਚ ਭਾਗ ਲੈਣ ਵਾਲੇ ਅਤੇ ਜੇਤੂ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਅਤੇ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਮੁਕਾਬਲਿਆਂ ਵਿੱਚ ਭਾਗ ਲੈਣ ਨਾਲ ਜਿੱਥੇ ਇੱਕ ਪਾਸੇ ਵਿਦਿਆਰਥੀਆਂ ਦਾ ਆਤਮ-ਵਿਸ਼ਵਾਸ ਵੱਧਦਾ ਹੈ ਉੱਥੇ ਹੀ ਉਹ ਆਪਣੇ ਅੰਦਰ ਛੁਪੇ ਹੁਨਰ ਦਾ ਪ੍ਰਗਟਾਵਾ ਕਰਕੇ ਵੱਡੇ ਪੱਧਰ ਦੇ ਮੁਕਾਬਲਿਆਂ ਵਿੱਚ ਭਾਗ ਲੈਣ ਦੇ ਯੋਗ ਬਣਦੇ ਹਨ। ਇਸ ਮੌਕੇ ਕੰਪਿਊਟਰ ਸਾਇੰਸ ਵਿਭਾਗ ਮੁਖੀ ਡਾ.ਸੁਰੇਂਦਰ ਕੁਮਾਰ ਸ਼ਰਮਾ ਨੇ ਕਾਲਜ ਪ੍ਰਿੰਸੀਪਲ ਸਾਹਿਬ ਵੱਲੋਂ ਹਮੇਸ਼ਾ ਮਿਲਣ ਵਾਲੇ ਸਹਿਯੋਗ ਦੀ ਪ੍ਰਸ਼ੰਸਾ ਕੀਤੀ ਅਤੇ ਵਿਦਿਆਰਥੀਆਂ ਨੂੰ ਸੰਬੋਧਨ ਹੁੰਦਿਆਂ ਕਿਹਾ ਕਿ ਹਾਰ ਜਿੱਤ ਮਾਇਨੇ ਨਹੀਂ ਰੱਖਦੀ ਸਗੋਂ ਪੂਰੇ ਆਤਮ-ਵਿਸ਼ਵਾਸ ਨਾਲ ਮੁਕਾਬਲਿਆਂ ਵਿੱਚ ਭਾਗ ਲੈਣਾ ਹੀ ਵੱਡੀ ਪ੍ਰਾਪਤੀ ਹੁੰਦੀ ਹੈ। ਬਾਟਨੀ ਵਿਭਾਗ ਦੁਆਰਾ ਕਰਵਾਏ ਗਏ ਮੁਕਾਬਲੇ ਵਿਭਾਗ ਮੁਖੀ ਡਾ.ਰਵੀ ਕਾਂਤ ਦੀ ਅਗਵਾਈ ਅਧੀਨ ਕਰਵਾਏ ਗਏ ਅਤੇ ਇਸ ਦੌਰਾਨ ਉਨ੍ਹਾਂ ਸਮੂਹ ਬਾਟਨੀ ਵਿਭਾਗ ਦੇ ਸਟਾਫ ਦਾ ਇਸ ਸਮਾਗਮ ਵਿੱਚ ਸਹਿਯੋਗ ਪਾਉਣ ਲਈ ਧੰਨਵਾਦ ਕੀਤਾ। ਕਾਲਜ ਪ੍ਰਿੰਸੀਪਲ ਸਾਹਿਬ ਵੱਲੋਂ ਜੇਤੂ ਵਿਦਿਆਰਥੀਆਂ ਨੂੰ ਪ੍ਰੋਤਸਾਹਿਤ ਕਰਨ ਲਈ ਕਿਤਾਬਾਂ ਅਤੇ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ ਜਿਸ ਮੌਕੇ ਸਮੂਹ ਕੰਪਿਊਟਰ ਸਾਇੰਸ ਤੇ ਬਾਟਨੀ ਵਿਭਾਗ ਸਟਾਫ ਅਤੇ ਵਿਦਿਆਰਥੀ ਮੌਜੂਦ ਸਨ।